ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਸਮੇਂ ਸਿਰ ਕਰਵਾਈ ਜਾ ਰਹੀ ਹੈ ਲਿਫਟਿੰਗ ਤੇ ਕਿਸਾਨਾਂ ਨੂੰ ਅਦਾਇਗੀ-ਈਸ਼ਾ ਕਾਲੀਆ

## 254833 ਮੀਟ੍ਰਿਕ ਟਨ ਝੋਨੇ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

## ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 256816 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ

ਫਾਜ਼ਿਲਕਾ 28 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖਰੀਦ ਦਾ ਕੰਮ ਸਮੂਹ ਮੰਡੀਆਂ ਵਿੱਚ ਨਿਰਵਿਘਨ ਚੱਲ ਰਿਹਾ ਤੇ ਕਿਸਾਨਾਂ ਨੂੰ ਅਦਾਇਗੀ ਵੀ ਸਮੇਂ ਸਿਰ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 256816 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ 254833 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਹੁਣ ਤੱਕ ਪਨਗ੍ਰੇਨ ਵੱਲੋ 51752 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 45749 ਮੀਟ੍ਰਿਕ ਟਨ, ਪਨਸਪ ਵੱਲੋਂ 73160 ਮੀਟ੍ਰਿਕ ਟਨ, ਵੇਅਰਹਾਊਸ ਵੱਲੋਂ 29655 ਮੀਟ੍ਰਿਕ ਟਨ, ਪੰਜਾਬ ਐਗਰੋ ਵੱਲੋਂ 22058 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 32440 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।